**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਿਖੀ ਰਾਮ, (98788-04573)
ਪੁੱਤਰ ਸ਼੍ਰੀ ਲੇਖਾ ਰਾਮ ਰਾਣਾ
ਵਾਸੀ ਪਿੰਡ ਤੇ ਡਾਕਖਾਨਾ ਸਮਰਾੜੀ,
ਤਹਿਸੀਲ ਫਿਲੌਰ,
ਜ਼ਿਲ੍ਹਾ ਜਲੰਧਰ। ........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜਲੰਧਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:1214 ਆਫ਼ 2018**

**ਹਾਜ਼ਰ:-** 1) ਸ਼੍ਰੀ ਰਿਖੀ ਰਾਮ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਅੱਜ ਪੇਸ਼ੀ ਸਮੇਂ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਜਲੰਧਰ ਨੂੰ ਸਖਤ ਹਦਾਇਤ ਕੀਤੀ ਜਾਂਦੀ ਹੈ ਕਿ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਸ਼ਿਕਾਇਤਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਲਿਖਤੀ ਰੂਪ ਵਿੱਚ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫ਼ਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 29-05-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ**, 09 **ਅਪ੍ਰੈਲ**, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਗੁਰਸਿਮਰਨ ਕੌਰ, (96532-68807)
ਵਾਸੀ 836,ਐਮ.ਆਈ.ਜੀ.,
ਪੀ.ਐਚ.ਬੀ. ਕਲੌਨੀ, ਜਮਾਲਪੁਰ,
ਲਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਿਪਟੀ ਕਮਿਸ਼ਨਰ,
ਮਾਨਸਾ।
ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਡਿਪਟੀ ਕਮਿਸ਼ਨਰ, ਮਾਨਸਾ। ........ ਉੱਤਰਦਾਤਾ

**ਅਪੀਲ ਕੇਸ ਨੰ:4174 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-08-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਸ਼੍ਰੀ ਗੁਰਕੀਰਤ ਸਿਘ, ਕਲਰਕ ਦਫ਼ਤਰ ਲਾਇਸੈਂਸਿੰਗ ਐਂਡ ਰਜਿਸਟ੍ਰੇਸ਼ਨ ਅਥਾਰਟੀ-ਕਮ-ਉਪ ਮੰਡਲ ਮੈਜਿਸਟਰੇਟ, ਮਾਨਸਾ ਦੇ ਸਰਵਿਸ ਰਿਕਾਰਡ ਨਾਲ ਸਬੰਧਤ 08 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 01-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 04-12-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ ਕਮਿਸ਼ਨ ਵਲੋਂ ਮਿਤੀ 04-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 06-02-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 06-02-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਮੁਕੇਸ਼ ਕੁਮਾਰ, ਜੂਨੀਅਰ ਸਹਾਇਕ ਦਫਤਰ ਉਪ ਮੰਡਲ ਮੈਜਿਸਟਰੇਟ, ਮਾਨਸਾ ਨੇ ਪੱਤਰ ਨੰ:176/ਆਰ.ਟੀ.ਆਈ., ਮਿਤੀ 21-09-2018 ਪੇਸ਼ ਕਰਦੇ ਹੋਏ ਦੱਸਿਆ ਗਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦੇ ਨੁਕਤਾ ਨੰ:1 ਦਾ ਸਬੰਧ ਉਪ ਮੰਡਲ ਮੈਜਿਸਟਰੇਟ, ਮਾਨਸਾ ਦੇ ਦਫ਼ਤਰ ਨਾਲ ਹੋਣ ਕਾਰਨ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਪਰੰਤੂ ਬਾਕੀ ਦੇ ਨੁਕਤਿਆਂ ਦਾ ਸਬੰਧ ਡਿਪਟੀ ਕਮਿਸ਼ਨਰ, ਮਾਨਸਾ ਨਾਲ ਹੋਣ ਕਾਰਨ ਅਪੀਲਕਰਤਾ ਦੀ ਆਰ.ਟੀ.ਆਈ., ਆਰ.ਟੀ.ਆਈ. ਐਕਟ ਦੇ ਨਿਯਮ 6(3) ਤਹਿਤ ਉਨ੍ਹਾਂ ਨੂੰ ਤਬਦੀਲ ਕੀਤੀ ਜਾ ਚੁੱਕੀ ਹੈ। ਪਹਿਲੀ ਅਪੀਲੀ ਅਥਾਰਟੀ ਦਫ਼ਤਰ ਡਿਪਟੀ ਕਮਿਸ਼ਨਰ, ਮਾਨਸਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਇਸ ਲਈ ਉੱਤਰਦਾਤਾ (ਪਹਿਲੀ ਅਪੀਲੀ ਅਥਾਰਟੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ, ਉਨ੍ਹਾਂ ਦੇ ਦਫ਼ਤਰ ਨਾਲ ਸਬੰਧਤ ਸੂਚਨਾ, ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 11-03-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**4174 **ਆਫ਼** 2018

ਅਰਵਿੰਦਰ ਸਿੰਘ, ਜੂਨੀਅਰ ਸਹਾਇਕ ਦਫਤਰ ਡਿਪਟੀ ਕਮਿਸ਼ਨਰ, ਮਾਨਸਾ ਨੇ ਪੱਤਰ ਨੰ:1197/ਆਰ.ਟੀ.ਆਈ., ਮਿਤੀ 25-09-2018 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਡਿਪਟੀ ਕਮਿਸ਼ਨਰ, ਮਾਨਸਾ ਦੇ ਦਫ਼ਤਰ ਨਾਲ ਸਬੰਧਤ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਫਿਰ ਵੀ ਉਸ ਨੂੰ ਆਪਣਾ ਪੱਖ ਪੇਸ਼ ਕਰਨ ਦਾ ਆਖਰੀ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 09-04-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਕਿਸੇ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ**, 09 **ਅਪ੍ਰੈਲ**, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਵੀ ਕੁਮਾਰ, (ਮੋਬ 93560-37575)
ਪੁੱਤਰ ਸ਼੍ਰੀ ਧਰਮਿੰਦਰ ਕੁਮਾਰ,
ਮਕਾਨ ਨੰ 107, ਪਿੱਛੇ ਸੰਤਪੁਰਾ ਗੁਰਦਵਾਰਾ,
ਪਟਿਆਲਾ ਗੇਟ, ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ, ਪੁਲਿਸ,
ਪਟਿਆਲਾ ਰੇਂਜ,
ਪਟਿਆਲਾ। --------ਉੱਤਰਦਾਤਾ

**ਅਪੀਲ ਕੇਸ ਨੰ 403/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਸ਼ਿਕਾਇਤ ਨੰ:1072/ਜੀ.ਸੀ./ਡੀ.ਜੀ.ਪੀ., ਮਿਤੀ 30-06-2018 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 19-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 11-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 11-03-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:13-ਅਪੀਲ/ਆਰ.ਟੀ.ਆਈ., ਮਿਤੀ 09-03-2019 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਮਿਤੀ 17-01-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 08-03-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ।

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**403 **ਆਫ਼** 2018

ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਦੱਸਿਆ ਹੈ ਕਿ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਸਬੰਧੀ ਅਪੀਲਕਰਤਾ ਵੱਲੋਂ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਅੱਜ ਤੱਕ ਸੂਚਿਤ ਨਹੀਂ ਕੀਤਾ ਗਿਆ।

4. ਅਪੀਲਕਰਤਾ ਅੱਜ ਫਿਰ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 09 **ਅਪ੍ਰੈਲ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸਤਨਾਮ ਸਿੰਘ ਧਵਨ, (ਮੋਬ 95015-13137)
ਮਕਾਨ ਨੰ:7, ਜੀ.ਕੇ. ਵਿਹਾਰ,
ਮਾਣਕਵਾਲ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਸਟੇਟ ਟਰਾਂਸਪੋਰਟ ਕਮਿਸ਼ਨਰ,
ਪੰਜਾਬ, ਚੰਡੀਗੜ੍ਹ।
ਪਹਿਲੀ ਅਪੀਲੀ ਅਥਾਰਟੀ-ਕਮ-
ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ,
ਚੰਡੀਗੜ੍ਹ। ------ਉੱਤਰਦਾਤਾ

**ਅਪੀਲ ਕੇਸ** ਨੰ:391/2019

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਪਾਲ ਸਿੰਘ, ਸੁਪਰਡੰਟ (99885-74550)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-10-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਸਟੇਟ ਟਰਾਂਸਪੋਰਟ ਕਮਿਸ਼ਨਰ, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪੰਜਾਬ ਵਿੱਚ ਟਰਾਂਸਪੋਰਟ ਵਿਭਾਗ ਦਾ ਠੇਕੇ ਤੇ ਕੰਮ ਕਰ ਰਹੀ ਕੰਪਨੀ ਸਮਾਰਟ ਚਿੱਪ ਲਿਮਿਟਿਡ, ਲੁਧਿਆਣਾ ਆਰ.ਟੀ.ਏ. ਦਫ਼ਤਰ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਅਤੇ ਲੁਧਿਆਣਾ ਐਸ.ਡੀ.ਐਮ ਦਫ਼ਤਰ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 12-03-2019 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸੁਪਰਡੰਟ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਦੀ ਆਰ.ਟੀ.ਆਈ. ਦੇ ਨੁਕਤਾ ਨੰ:1 ਅਤੇ 2 ਬਾਰੇ ਸੂਚਨਾ (88 ਪੰਨੇ) ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ ਪਰੰਤੂ ਨੁਕਤਾ ਨੰ:3 ਬਾਰੇ ਆਰ.ਟੀ.ਆਈ. ਸਪੱਸ਼ਟ ਨਹੀਂ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਤੋਂ ਕਮਿਸ਼ਨ ਪੂਰੀ ਤਰ੍ਹਾਂ ਸੰਤੁਸ਼ਟ ਸੀ। ਫਿਰ ਵੀ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:391 ਆਫ਼ 2018**

ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲੋਕ ਸੂਚਨਾ ਅਧਿਕਾਰੀ ਨੂੰ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਪਾਲ ਸਿੰਘ, ਸੁਪਰਡੰਟ ਨੇ ਦੱਸਿਆ ਹੈ ਕਿ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਸਬੰਧੀ ਅਪੀਲਕਰਤਾ ਵੱਲੋਂ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਅੱਜ ਤੱਕ ਸੂਚਿਤ ਨਹੀਂ ਕੀਤਾ ਗਿਆ।

4. ਅਪੀਲਕਰਤਾ ਕਿਸੇ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ, ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ,
ਮਾਰਫ਼ਤ ਸ਼੍ਰੀ ਕਮਲਜੀਤ ਸਿੰਘ,
ਵਾਰਡ ਨੰ:1, ਹਅੇਰ ਵਿਹਾਰ ਕਲੌਨੀ,
ਜੇਲ੍ਹ ਰੋਡ, ਗੁਰਦਾਸਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,
ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਗੁਰਦਾਸਪੁਰ। ------ਉੱਤਰਦਾਤਾ

**ਅਪੀਲ ਕੇਸ ਨੰ:421/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਨਾਇਬ ਤਹਿਸੀਲਦਾਰ, ਕਾਦੀਆਂ (98145-24767)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 30-06-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਪੀਰ-ਦੀ-ਸੈਨ (ਹੱਦ ਬਸਤ-373) ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 21-08-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਨਾਇਬ ਤਹਿਸੀਲਦਾਰ, ਕਾਦੀਆਂ ਨੇ ਨਾਇਬ ਤਹਿਸੀਲਦਾਰ, ਧਾਰੀਵਾਲ ਦੀ ਤਰਫੋਂ ਪੱਤਰ ਨੰ:19/ਰੀਡਰ, ਮਿਤੀ 08-04-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਦੀ ਤਰਫੋਂ ਸ਼੍ਰੀ ਕਮਲਜੀਤ ਸਿੰਘ, ਐਡਵੋਕੇਟ ਨੂੰ ਪੱਤਰ ਨੰ:16/ਰੀਡਰ, ਮਿਤੀ 04-04-2019 ਰਾਹੀਂ ਸੂਚਨਾ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਹੈ। ਉਸ ਵੱਲੋਂ ਇਸ ਦੇ ਸਬੂਤ ਵਜੋਂ ਅਪੀਲਕਰਤਾ ਦੀ ਤਰਫੋਂ ਸ਼੍ਰੀ ਕਮਲਜੀਤ ਸਿੰਘ, ਐਡਵੋਕੇਟ ਦਾ ਅਸਲ ਲਿਖਤੀ ਬਿਆਨ ਵੀ ਪੇਸ਼ ਕੀਤਾ ਹੈ ਜਿਸ ਅਨੁਸਾਰ ਉਨ੍ਹਾਂ ਨੇ ਮੰਨਿਆ ਹੈ ਕਿ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਨਾਲ ਸਹਿਮਤ ਹਨ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**!(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਕੁਲਦੀਪ ਸਿੰਘ,
ਮਾਰਫ਼ਤ ਸ਼੍ਰੀ ਕਮਲਜੀਤ ਸਿੰਘ,
ਵਾਰਡ ਨੰ:1, ਹਐਰ ਵਿਹਾਰ ਕਲੌਨੀ,
ਜੇਲ੍ਹ ਰੋਡ, ਗੁਰਦਾਸਪੁਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ,
ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਗੁਰਦਾਸਪੁਰ। ------ਉੱਤਰਦਾਤਾ

**ਅਪੀਲ ਕੇਸ ਨੰ:423/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਮਰਜੀਤ ਸਿੰਘ, ਨਾਇਬ ਤਹਿਸੀਲਦਾਰ, ਕਾਦੀਆਂ (98145-24767)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 18-06-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਪਿੰਡ ਪੀਰ-ਦੀ-ਸੈਨ (ਹੱਦ ਬਸਤ-373) ਵਿਖੇ ਜ਼ਮੀਨ ਦੀ ਨਿਸ਼ਾਨਦੇਹੀ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-01-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 07-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 12-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਮਰਜੀਤ ਸਿੰਘ, ਨਾਇਬ ਤਹਿਸੀਲਦਾਰ, ਕਾਦੀਆਂ ਨੇ ਨਾਇਬ ਤਹਿਸੀਲਦਾਰ, ਧਾਰੀਵਾਲ ਦੀ ਤਰਫੋਂ ਪੱਤਰ ਨੰ:18/ਰੀਡਰ, ਮਿਤੀ 08-04-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਦਰਖਾਸਤ ਦਾ ਜਵਾਬ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:390-ਡੀ/ਰੀਡਰ, ਮਿਤੀ 10-07-2018 ਅਤੇ ਪੱਤਰ ਨੰ:404-05/ਰੀਡਰ, ਮਿਤੀ 13-09-2018 ਰਾਹੀਂ ਡਾਕ ਦੁਆਰਾ ਪਹਿਲਾਂ ਹੀ ਭੇਜਿਆ ਜਾ ਚੁੱਕਾ ਹੈ। ਉਸ ਤੋਂ ਬਾਅਦ ਅਪੀਲਕਰਤਾ ਦੀ ਤਰਫੋਂ ਸ਼੍ਰੀ ਕਮਲਜੀਤ ਸਿੰਘ, ਐਡਵੋਕੇਟ ਨੂੰ ਪੱਤਰ ਨੰ:15/ਰੀਡਰ, ਮਿਤੀ 04-04-2019 ਰਾਹੀਂ ਸੂਚਨਾ ਦੁਬਾਰਾ ਦਸਤੀ ਵੀ ਮੁਹੱਈਆ ਕਰਵਾ ਦਿੱਤੀ ਗਈ ਹੈ। ਉਸ ਵੱਲੋਂ ਇਸ ਦੇ ਸਬੂਤ ਵਜੋਂ ਅਪੀਲਕਰਤਾ ਦੀ ਤਰਫੋਂ ਸ਼੍ਰੀ ਕਮਲਜੀਤ ਸਿੰਘ, ਐਡਵੋਕੇਟ ਦਾ ਅਸਲ ਲਿਖਤੀ ਬਿਆਨ ਵੀ ਪੇਸ਼ ਕੀਤਾ ਹੈ ਜਿਸ ਅਨੁਸਾਰ ਉਨ੍ਹਾਂ ਨੇ ਮੰਨਿਆ ਹੈ ਕਿ ਸੂਚਨਾ ਮਿਲ ਗਈ ਹੈ ਅਤੇ ਇਹ ਵੀ ਕਿਹਾ ਹੈ ਕਿ ਉਸ ਨੂੰ ਇਹ ਕੇਸ ਬੰਦ ਕਰਨ ਵਿੱਚ ਕੋਈ ਇਤਰਾਜ਼ ਨਹੀਂ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਯੋਗੇਸ਼ ਪਾਠਕ, (90416-39575)
ਪੁੱਤਰ ਸ਼੍ਰੀ ਗਿਰੀਸ਼ ਚੰਦਰਾ ਪਾਠਕ,
ਫਲੈਟ ਨੰ:ਪਾਲਮ 101,
ਅੰਸਾਲਜ਼ ਵੁੱਡਬਰੀ ਅਪਾਰਟਮੈਂਟਸ,
ਹਾਈ ਲੈਂਡ ਮਾਰਗ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਅਰਬਨ ਲੋਕਲ ਬਾਡੀਜ਼,
ਪਟਿਆਲਾ।

ਸ਼੍ਰੀ ਮਨਵੀਰ ਸਿੰਘ ਗਿੱਲ,
ਲੋਕ ਸੂਚਨਾ ਅਧਿਕਾਰੀ,
ਦਫਤਰ ਨਗਰ ਕੌਂਸਿਲ, ਜ਼ੀਰਕਪੁਰ,
ਜ਼ਿਲ੍ਹਾ ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:4136 ਆਫ 2018**

**ਹਾਜ਼ਰ:-**

1) ਸ਼੍ਰੀ ਯੋਗੇਸ਼ ਪਾਠਕ, ਅਪੀਲਕਰਤਾ।
2) ਉੱਤਰਦਾਤਾ, ਸ਼੍ਰੀ ਮਨਵੀਰ ਸਿੰਘ ਗਿੱਲ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜ਼ੀਰਕਪੁਰ (97800-14900)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 25-04-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਜ਼ੀਰਕਪੁਰ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਨੇ ਸਵੱਛ ਭਾਰਤ ਮਿਸ਼ਨ ਅਧੀਨ ਸਕੀਮ ਨੂੰ ਲਾਗੂ ਕਰਨ ਲਈ ਤਿਆਰ ਕੀਤੇ ਗਏ ਡਿਟੇਲਡ ਪ੍ਰੋਜੈਕਟ ਰਿਪੋਰਟ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵਲੋਂ ਮੰਗੀ ਗਈ ਸੂਚਨਾ ਮੁਹੱਈਆ ਨਾ ਕਰਨ ਕਾਰਨ ਉਸ ਨੇ ਮਿਤੀ 02-08-2018 ਨੂੰ ਅਪੀਲਕਰਤਾ ਨੇ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ । ਉਸ ਉਪਰੰਤ ਮਿਤੀ 03-12-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ। ਕਮਿਸ਼ਨ ਵੱਲੋਂ ਮਿਤੀ 02-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 04-02-2019 ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ, ਸ਼੍ਰੀ ਮਨਵੀਰ ਸਿੰਘ ਗਿੱਲ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜ਼ੀਰਕਪੁਰ ਨੇ ਕਮਿਸ਼ਨ ਵੱਲੋਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ, ਮਿਤੀ 07-03-2019 ਦਾ ਜਵਾਬ ਪੇਸ਼ ਕੀਤਾ ਗਿਆ ਹੈ। ਸ਼੍ਰੀ ਮਨਵੀਰ ਸਿੰਘ ਗਿੱਲ, ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜ਼ੀਰਕਪੁਰ ਵੱਲੋਂ ਆਪਣੇ ਜਵਾਬ ਰਾਹੀਂ ਦੱਸਿਆ ਗਿਆ ਹੈ ਕਿ ਉਸ ਨੂੰ ਕਾਰਜ ਸਾਧਕ ਅਫਸਰ (1) ਤੋਂ ਬਦਲ ਕੇ ਸ਼੍ਰੀ ਗਿਰਿਸ਼ ਵਰਮਾ, ਕਾਰਜ ਸਾਧਕ ਅਫਸਰ ਨੂੰ ਕਾਰਜ ਸਾਧਕ ਅਫਸਰ (1) ਨੂੰ ਨਿਯੁਕਤ ਕਰ ਦਿੱਤਾ ਗਿਆ ਸੀ ਜਿਸ ਕਰਕੇ ਉਹ ਮਿਤੀ 11-10-2018 ਤੋਂ ਕਾਰਜ ਸਾਧਕ ਅਫਸਰ-ਕਮ-ਲੋਕ ਸੂਚਨਾ ਅਧਿਕਾਰੀ, ਨਗਰ ਕੌਂਸਿਲ, ਜ਼ੀਰਕਪੁਰ ਦੇ ਚਾਰਜ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਤੋਂ ਰਿਲੀਵ ਹੋ ਗਿਆ ਸੀ। ਇਸ ਕਰਕੇ ਉਸ ਨੂੰ ਕਮਿਸ਼ਨ ਦੇ ਹੁਕਮ, 07-03-2019 ਦੀ ਮਿਤੀ 03-04-2019 ਤੋਂ ਪਹਿਲਾਂ ਪ੍ਰਾਪਤ ਨਹੀਂ ਹੋਈ ਸੀ। ਕਮਿਸ਼ਨ ਦੇ ਹੁਕਮ ਪ੍ਰਾਪਤ ਹੋਣ ਉਪਰੰਤ ਉਸ ਵੱਲੋਂ ਮਿਤੀ 03-04-2019 ਨੂੰ ਹੀ ਸੂਚਨਾ ਤਿਆਰ ਕਰਕੇ ਉਸੇ ਦਿਨ ਈ.ਮੇਲ ਰਾਹੀਂ ਅਪੀਲਕਰਤਾ ਨੂੰ ਭੇਜ਼ ਦਿੱਤੀ ਗਈ ਸੀ ਅਤੇ ਇਸ ਦੀ ਕਾਪੀ ਮਿਤੀ 04-04-2019 ਨੂੰ ਰਜਿਸਟਰਡ ਡਾਕ ਰਾਹੀਂ ਵੀ ਭੇਜੀ ਗਈ ਸੀ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨਾਲ ਮੁਬਾਇਲ ਫੋਨ ਤੇ ਵੀ ਗੱਲ ਕੀਤੀ ਗਈ ਸੀ। ਇਸ ਤਰ੍ਹਾਂ ਉੱਤਰਦਾਤਾ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਉਹ ਵੱਲੋਂ ਜਾਣ ਬੁੱਝ ਕੇ ਪੇਸ਼ੀ ਤੋਂ ਗੈਰਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਵਿੱਚ ਕੋਈ ਕੁਤਾਹੀ ਕੀਤੀ ਗਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੇ ਕਮਿਸ਼ਨ ਵੱਲੋਂ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਦਾਖਲ ਦਫ਼ਤਰ ਕਰਨ ਲਈ ਬੇਨਤੀ ਕੀਤੀ ਹੈ।

3. ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਈ.ਮੇਲ ਰਾਹੀਂ ਭੇਜੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਜਦੋਂ ਅਪੀਲਕਰਤਾ ਨੂੰ ਪੁੱਛਿਆ ਗਿਆ ਕਿ ਉਸ ਦੀ ਉੱਤਰਦਾਤਾ ਨਾਲ ਫੋਨ ਤੇ ਗੱਲ ਹੋਈ ਸੀ ਤਾਂ ਉਸ ਨੇ ਮੰਨਿਆ ਕਿ ਉਸ ਦੀ ਗੱਲ ਹੋਈ ਸੀ ਪਰੰਤੂ ਉਸ ਵੱਲੋਂ ਸੂਚਨਾ ਪ੍ਰਾਪਤ ਕਰਨ ਲਈ ਲੋਕ ਸੂਚਨਾ ਅਧਿਕਾਰੀ ਨਾਲ ਫੋਨ ਤੇ ਸੰਪਰਕ ਕਰਨ ਲਈ ਕਦੇ ਵੀ ਕੋਸ਼ਿਸ਼ ਨਹੀਂ ਕੀਤੀ ਗਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ੀ ਦੌਰਾਨ ਸ਼ਿਕਾਇਤਕਰਤਾ ਨੂੰ ਸੂਚਨਾ ਦੀ ਕਾਪੀ ਦਸਤੀ ਮੁਹੱਈਆ ਕਰਵਾ ਦਿੱਤੀ ਗਈ ਹੈ।

4. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਉੱਤਰਦਾਤਾ, ਸ਼੍ਰੀ ਮਨਵੀਰ ਸਿੰਘ ਗਿੱਲ, ਲੋਕ ਸੂਚਨਾ ਅਧਿਕਾਰੀ, ਦਫਤਰ ਨਗਰ ਕੌਂਸਿਲ, ਜ਼ੀਰਕਪੁਰ, ਜ਼ਿਲ੍ਹਾ ਮੁਹਾਲੀ ਵੱਲੋਂ ਪੇਸ਼ ਕੀਤਾ ਗਿਆ ਸਪੱਸ਼ਟੀਕਰਣ ਪ੍ਰਵਾਨ ਕਰਦੇ ਹੋਏ ਉਸ ਵਿਰੁੱਧ ਕਮਿਸ਼ਨ ਦੇ ਹੁਕਮ, ਮਿਤੀ 07-03-2019 ਰਾਹੀਂ ਜਾਰੀ ਕੀਤਾ ਗਿਆ **ਕਾਰਨ-ਦੱਸੋ ਨੋਟਿਸ ਖਾਰਜ** ਕੀਤਾ ਜਾਂਦਾ ਹੈ। ਇਸ ਤੋਂ ਇਲਾਵਾ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦਫਤਰ ਨਗਰ ਕੌਂਸਿਲ, ਜ਼ੀਰਕਪੁਰ, ਜ਼ਿਲ੍ਹਾ ਮੁਹਾਲੀ ਵੱਲੋਂ ਸ਼ਿਕਾਇਤਕਰਤਾ ਨੂੰ ਮੁਹੱਈਆ ਕਰਵਾਈ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 09 **ਅਪ੍ਰੈਲ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਜਿੰਦਰ ਸਿੰਘ, (82830-00236)
ਪ੍ਰਧਾਨ, ਹਿਊਮੈਨ ਰਾਈਟਸ ਐਂਡ
ਇਨਵਾਇਰਮੈਂਟ ਪ੍ਰੋਟੈਕਸ਼ਨ ਆਰਗਾਨਾਈਜੇਸ਼ਨ,
#699, ਬਲਾਕ-1, ਬੀ.ਆਰ.ਐਸ. ਨਗਰ,
ਲੁਧਿਆਣਾ। ..........ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਕੱਤਰ,
ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ।

ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ.,
(ਪੂਰਵਲੇ ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਅੰਮ੍ਰਿਤਸਰ) ਹੁਣ ਲੋਕ ਸੂਚਨਾ ਅਧਿਕਾਰੀ-ਕਮ-
ਉਪ ਮੰਡਲ ਮੈਜਿਸਟਰੇਟ, ਰਾਜਪੁਰਾ। ......... ਉੱਤਰਦਾਤਾ

**ਸ਼ਿਕਾਇਤ ਕੇਸ ਨੰ:942 ਆਫ਼ 2018**

**ਹਾਜ਼ਰ:-**

1) ਸ਼੍ਰੀ ਮਨਜਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਜੀਤਪਾਲ ਸਿੰਘ, ਡਾਟਾ ਐਂਟਰੀ ਓਪਰੇਟਰ (883377-41848)।

**ਹੁਕਮ:**

ਉੱਤਰਦਾਤਾ, ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., ਲੋਕ ਸੂਚਨਾ ਅਧਿਕਾਰੀ-ਕਮ-ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ (ਹੁਣ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਰਾਜਪੁਰਾ) ਨੇ ਲੋਕ ਸਭਾ ਚੋਣਾਂ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ., ਮਿਤੀ 08-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਕਮਿਸ਼ਨ ਵੱਲੋਂ ਉਨ੍ਹਾਂ ਨੂੰ ਮਿਤੀ 05-02-2019 ਨੂੰ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਦਾ ਜਵਾਬ ਵੀ ਭੇਜਿਆ ਗਿਆ ਹੈ। ਉਨ੍ਹਾਂ ਵੱਲੋ ਆਪਣੇ ਜਵਾਬ ਰਾਹੀਂ ਦੱਸਿਆ ਗਿਆ ਹੈ ਕਿ ਉਨ੍ਹਾਂ ਦੀ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਦਫ਼ਤਰ ਤੋਂ ਉਪ ਮੰਡਲ ਮੈਜਿਸਟਰੇਟ, ਰਾਜਪੁਰਾ ਦਫਤਰ ਵਿਖੇ ਬਦਲੀ ਹੋਣ ਕਾਰਨ ਉਹ ਕਮਿਸ਼ਨ ਵਿਖੇ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕੇ ਜਿਸ ਲਈ ਉਨ੍ਹਾਂ ਵੱਲੋਂ ਮੁਆਫੀ ਮੰਗੀ ਗਈ ਹੈ ਅਤੇ ਉਨ੍ਹਾਂ ਨੂੰ ਜਾਰੀ ਕੀਤਾ ਗਿਆ ਕਾਰਨ ਦੱਸੋ ਨੋਟਿਸ ਵਾਪਸ ਲੈਣ ਲਈ ਬੇਨਤੀ ਕੀਤੀ ਗਈ ਹੈ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਲੋਕ ਸੂਚਨਾ ਅਧਿਕਾਰੀ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਦੀ ਮੰਗ ਵੀ ਕੀਤੀ ਗਈ ਹੈ।

3. ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., ਲੋਕ ਸੂਚਨਾ ਅਧਿਕਾਰੀ-ਕਮ-ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ (ਹੁਣ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ, ਰਾਜਪੁਰਾ) ਕਮਿਸ਼ਨ ਵੱਲੋਂ ਕਮਿਸ਼ਨ ਦੇ ਹੁਕਮ, ਮਿਤੀ 05-02-2019 ਰਾਹੀਂ ਜਾਰੀ ਕੀਤੇ ਗਏ ਕਾਰਨ ਦੱਸੋ ਨੋਟਿਸ ਸਬੰਧੀ ਭੇਜੇ ਗਏ ਜਵਾਬ ਨੂੰ ਵਾਚਣ ਦੇ ਇਹ ਪਾਇਆ ਗਿਆ ਹੈ ਕਿ ਇਹ ਜਵਾਬ ਸਹੀ ਨਹੀਂ ਹੈ। ਸਬੰਧਤ ਅਧਿਕਾਰੀ ਵੱਲੋਂ ਆਪਣੀ ਅੰਮ੍ਰਿਤਸਰ ਤੋਂ ਰਾਜਪੁਰਾ ਵਿਖੇ ਬਦਲੀ ਦੇ ਅਧਾਰ ਤੇ ਹੀ ਕਾਰਨ ਦੱਸੋ ਨੋਟਿਸ ਵਾਪਸ ਲੈਣ ਦੀ ਬੇਨਤੀ ਕੀਤੀ ਗਈ ਹੈ ਪਰੰਤੂ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਪਹਿਲਾਂ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਕੋਈ ਸਪੱਸ਼ਟੀਕਰਣ ਨਹੀਂ ਦਿੱਤਾ ਗਿਆ ਜਦੋਂ ਕਿ ਸ਼ਿਕਾਇਤਕਰਤਾ ਵੱਲੋਂ ਆਪਣੀ ਆਰ.ਟੀ.ਆਈ., ਮਿਤੀ 11-07-2018 ਰਾਹੀਂ ਸੂਚਨਾ ਮੰਗੀ ਗਈ ਸੀ। ਇਸ ਲਈ **ਸ਼੍ਰੀ ਰਜਨੀਸ਼ ਅਰੋੜਾ, ਪੀ.ਸੀ.ਐਸ., ਲੋਕ ਸੂਚਨਾ ਅਧਿਕਾਰੀ-ਕਮ-ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ (ਹੁਣ ਲੋਕ ਸੂਚਨਾ ਅਧਿਕਾਰੀ-ਕਮ-ਉਪ**

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਮੰਡਲ ਮੈਜਿਸਟਰੇਟ, ਰਾਜਪੁਰਾ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਕਾਰਨ-ਦੱਸੋ ਨੋਟਿਸ ਦਾ ਸਪੱਸ਼ਟ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਪੇਸ਼ ਕਰਨ।**

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤਰਜੀਤਪਾਲ ਸਿੰਘ, ਡਾਟਾ ਐਂਟਰੀ ਓਪਰੇਟਰ, ਦਫ਼ਤਰ ਰਿਜਨਲ ਟਰਾਂਸਪੋਰਟ ਅਥਾਰਟੀ, ਅੰਮ੍ਰਿਤਸਰ ਨੇ ਸ਼ਿਕਾਇਤਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਸਬੰਧੀ ਇੱਕ ਪੱਤਰ ਪੇਸ਼ ਕੀਤਾ ਹੈ ਜਿਸ ਤੇ ਦਫ਼ਤਰ ਵੱਲੋਂ ਕੋਈ ਨੰ: ਅਤੇ ਮਿਤੀ ਵੀ ਨਹੀਂ ਦਰਸਾਈ ਗਈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਨੂੰ ਵਾਚਣ ਤੇ ਇਹ ਪਾਇਆ ਗਿਆ ਹੈ ਕਿ ਇਸ ਪੱਤਰ ਵਿੱਚ ਦਰਸਾਈ ਗਈ ਸੂਚਨਾ ਸ਼ਿਕਾਇਕਰਤਾ ਦੀ ਆਰੀ.ਟੀ.ਆਈ. ਦੇ ਬਿਲਕੁੱਲ ਵੀ ਅਨੁਕੂਲ ਨਹੀਂ ਹੈ। ਮੈਨੂੰ ਬੜੇ ਖੇਦ ਨਾਲ ਲਿਖਣਾ ਪੈ ਰਿਹਾ ਹੈ ਕਿ ਸਕੱਤਰ, ਰਿਜਨਲ ਅਥਾਰਟੀ, ਅੰਮ੍ਰਿਤਸਰ (ਸ਼੍ਰੀ ਦਰਬਾਰਾ ਸਿੰਘ) ਜ਼ੋ ਕਿ ਇੱਕ ਜ਼ਿੰਮੇਵਾਰ ਅਧਿਕਾਰੀ ਹਨ, ਵੱਲੋਂ ਆਰ.ਟੀ.ਆਈ. ਨੂੰ ਪੜ੍ਹੇ ਬਗੈਰ ਹੀ ਪੱਤਰ ਤੇ ਹਸਤਾਖਰ ਕਰ ਦਿੱਤੇ ਗਏ ਹਨ। ਆਰ.ਟੀ.ਆਈ. ਦੀ ਫੋਟੋ ਕਾਪੀ ਹਾਜ਼ਰ ਉੱਤਰਦਾਤਾ ਨੂੰ ਪੇਸ਼ੀ ਦੌਰਾਨ ਦਸਤੀ ਦੇ ਦਿੱਤੀ ਗਈ ਹੈ। ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਕਿ ਕਮਿਸ਼ਨ ਨੂੰ ਪੇਸ਼ ਕੀਤੇ ਗਲਤ ਪੱਤਰ ਨੂੰ ਤਿਆਰ ਕਰਨ ਵਾਲੇ ਅਧਿਕਾਰੀ/ਕਰਮਚਾਰੀ ਦੀ ਜ਼ਿੰਮੇਵਾਰੀ ਨਿਸਚਿਤ ਕਰਕੇ ਉਸ ਵਿਰੁੱਧ ਨਿਯਮਾਂ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇ ਤਾਂ ਜ਼ੋ ਅੱਗੇ ਤੋਂ ਆਰ.ਟੀ.ਆਈ. ਐਕਟ, 2005 ਨਾਲ ਸਬੰਧਤ ਮਾਮਲਿਆਂ ਦਾ ਸੰਜੀਦਗੀ ਨਾਲ ਨਿਪਟਾਰਾ ਕਰਨਾ ਯਕੀਨੀ ਬਣਾਇਆ ਜਾ ਸਕੇ। ਉੱਤਰਦਾਤਾ, ਸ਼੍ਰੀ ਦਰਬਾਰਾ ਸਿੰਘ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ-ਕਮ-ਲੋਕ ਸੂਚਨਾ ਅਧਿਕਾਰੀ ਅੰਮ੍ਰਿਤਸਰ ਨੂੰ ਇਹ ਵੀ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ ਮੁਤਾਬਿਕ ਸ਼ਿਕਾਇਤਕਰਤਾ ਨੂੰ 10 ਦਿਨਾਂ ਦੇ ਅੰਦਰ-ਅੰਦਰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾਵੇ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਇਸ ਕੇਸ ਵਿੱਚ ਵਰਤੀ ਗਈ ਅਣਗਹਿਲੀ ਬਾਰੇ ਆਪਣਾ ਲਿਖਤੀ ਸਪੱਸ਼ਟੀਕਰਣ, ਸੂਚਨਾ ਤਿਆਰ ਕਰਨ ਵਾਲੇ ਗੈਰ-ਜ਼ਿੰਮੇਵਾਰ ਅਧਿਕਾਰੀ/ਕਰਮਚਾਰੀ ਵਿਰੁੱਧ ਕੀਤੀ ਗਈ ਕਾਰਵਾਈ ਬਾਰੇ ਰਿਪੋਰਟ ਅਤੇ ਸ਼ਿਕਾਇਤਕਰਤਾ ਨੂੰ ਭੇਜੀ ਗਈ ਸੂਚਨਾ ਦੀ ਕਾਪੀ ਪੇਸ਼ ਕੀਤੀ ਜਾਵੇ।

5. ਇਸ ਤੋਂ ਇਲਾਵਾ ਕਮਿਸ਼ਨ ਵੱਲੋਂ ਦਫ਼ਤਰੀ ਰਿਕਾਰਡ ਨੂੰ ਘੋਖਣ ਤੇ ਇਹ ਵੀ ਪਾਇਆ ਗਿਆ ਹੈ ਕਿ ਸ਼ਿਕਾਇਤਕਰਤਾ ਵੱਲੋਂ ਮਿਤੀ 11-07-2018 ਨੂੰ ਆਰ.ਟੀ.ਆਈ. ਅਰਜ਼ੀ ਦਾਇਰ ਕੀਤੀ ਗਈ ਸੀ ਪਰੰਤੂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਉਸ ਨੂੰ 10 ਮਹੀਨੇ ਤੋਂ ਵੀ ਵੱਧ ਸਮਾਂ ਬੀਤ ਜਾਣ ਤੋਂ ਬਾਅਦ ਵੀ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ ਹੈ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਮੁਤਾਬਿਕ ਸ਼ਿਕਾਇਤਕਰਤਾ ਨੂੰ 30 ਦਿਨਾਂ ਤੇ ਅੰਦਰ-ਅੰਦਰ ਸੂਚਨਾ ਦੇਣੀ ਬਣਦੀ ਸੀ। ਇਸ ਤਰ੍ਹਾਂ ਕਰਕੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸੂਚਨਾ ਦਾ ਅਧਿਕਾਰ ਐਕਟ, 2005 ਦੀ ਘੋਰ ਉਲੰਘਣਾ ਕੀਤੀ ਗਈ ਹੈ, ਜਿਸ ਦੇ ਫਲਸਰੂਪ ਸ਼ਿਕਾਇਤਕਰਤਾ ਨੂੰ ਮਾਨਸਿਕ ਅਤੇ ਆਰਥਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ ਹੈ। ਇਸ ਲਈ ਉੱਤਰਦਾਤਾ, ਸ਼੍ਰੀ ਦਰਬਾਰਾ ਸਿੰਘ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ-ਕਮ-ਲੋਕ ਸੂਚਨਾ ਅਧਿਕਾਰੀ, ਅੰਮ੍ਰਿਤਸਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੀ ਧਾਰਾ 19(8)(ਅ) ਤਹਿਤ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਾਸ਼ੀ ਦੀ ਅਪੀਲਕਰਤਾ ਨੂੰ ਬੈਂਕ ਡਰਾਫ਼ਟ ਰਾਹੀਂ ਮਹਿਕਮੇ ਦੇ ਖਾਤੇ ਵਿੱਚੋਂ ਅਦਾਇਗੀ ਕਰਕੇ ਅਗਲੀ ਪੇਸ਼ੀ ਤੇ ਰਸੀਦ ਪੇਸ਼ ਕੀਤੀ ਜਾਵੇ।

ਉਪਰੋਕਤ ਦਰਸਾਈ ਗਈ ਸਥਿਤੀ ਅਨੁਸਾਰ ਇਹ ਕੇਸ **ਅਗਲੀ ਸੁਣਵਾਈ ਮਿਤੀ 29-05-2019 ਨੂੰ ਸਵੇਰੇ 11-30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮੁਕੇਸ਼ ਕੁਮਾਰ, (94664-39361)
ਪੁੱਤਰ ਸ਼੍ਰੀ ਰਤਨ ਕੁਮਾਰ,
ਮਾਰਫ਼ਤ ਰਤਨ ਕਲਾਥ ਹਾਊਸ,
ਨੇੜੇ ਘੰਟਾ ਘਰ ਚੌਂਕ,
ਟੋਹਾਣਾ, ਫਤਿਹਾਬਾਦ-125120. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ:674 ਆਫ਼ 2019**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਹਰਜਿੰਦਰ ਸਿੰਘ, ਸੀਨੀਅਰ ਸਹਾਇਕ (98783-58968)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 29-08-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਅਧੀਨ ਸੇਵਾਵਾਂ ਚੋਣ ਬੋਰਡ ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਮਿਤੀ 04/2016 ਦੇ ਇਸ਼ਤਿਹਾਰ ਰਾਹੀਂ ਕਲਰਕਾਂ ਅਤੇ ਕਲਰਕ-ਕਮ-ਡਾਟਾ ਐਂਟਰੀ ਓਪਰੇਟਰਾਂ ਦੀਆਂ ਆਸਾਮੀਆਂ ਦੀ ਭਰਤੀ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 12-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਹਰਜਿੰਦਰ ਸਿੰਘ, ਸੀਨੀਅਰ ਸਹਾਇਕ ਨੇ ਪੱਤਰ ਨੰ:1/47/2018- (ਅਸਚਬ) -817, ਮਿਤੀ 09-04-2019 ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਦਰਖਾਸਤ, ਮਿਤੀ 29-08-2018 ਸਬੰਧੀ ਸੂਚਨਾ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ ਨੰ:1/47/2018-ਅ2(ਅਸਚਬ)/2063, ਮਿਤੀ 21-12-2018 ਰਾਹੀਂ ਅਪੀਲਕਰਤਾ ਨੂੰ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਇਆ ਗਿਆ ਹੈ। ਇਸ ਤੋ ਇਲਾਵਾ ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੌਰਵ ਬੰਗੜ, (98724-61254)
ਪੁੱਤਰ ਸ਼੍ਰੀ ਰਾਜਿਦੰਰ ਪਾਲ (ਐਡਵੋਕੇਟ),
ਚੈਂਬਰ ਨੰ: 60-ਏ,
230, ਨਿਊ ਕੋਰਟਸ,
ਜੰਲਧਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਕਾਸ਼ੀ ਯੂਨੀਵਰਸਿਟੀ,
ਤਲਵੰਡੀ ਸਾਬੋ,
ਜ਼ਿਲ੍ਹਾ ਬਠਿੰਡਾ। ------ਉੱਤਰਦਾਤਾ

**ਸ਼ਿਕਾਇਤ ਕੇਸ ਨੰ: 161 ਆਫ਼ 2019**

**ਹਾਜ਼ਰ:-** 1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 16-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਗੁਰੂ ਕਾਸ਼ੀ ਯੂਨੀਵਰਸਿਟੀ, ਤਲਵੰਡੀ ਸਾਬੋ, ਜ਼ਿਲ੍ਹਾ ਬਠਿੰਡਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਵਿਦਿਆਰਥਣ ਕਾਨੂੰ ਕੁਮਾਰੀ ਦੀ ਗਰੈਜੂਏਸ਼ਨ ਦੀ ਡਿਗਰੀ ਨਾਲ ਸਬੰਧਤ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 11-02-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵਾਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਡਾਕਟਰ ਇਕਬਾਲ ਸਿੰਘ,
ਮਕਾਨ ਨੰ:18-ਸੀ,
ਰਣਜੀਤ ਨਗਰ,
ਸਾਹਮਣੇ ਸਰਾਭਾ ਨਗਰ,
ਭਾਦਸੋਂ ਰੋਡ, ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ,
ਮੁਹਾਲੀ। ------ਉੱਤਰਦਾਤਾ

**ਅਪੀਲ ਕੇਸ ਨੰ: 643 ਆਫ਼ 2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ (88722-86663)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 09-09-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਾਇਰੈਕਟਰ, ਖੋਜ ਤੇ ਮੈਡੀਕਲ ਸਿੱਖਿਆ, ਪੰਜਾਬ, ਮੁਹਾਲੀ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਰੀ-ਡੈਜਿਗਨੇਸ਼ਨ ਹੁਕਮ ਨੰ:3 ਐਮ.ਈ.1ਪੰਜ:-2015/10181-10195, ਮਿਤੀ 12-06-2015 ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 05-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 11-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਲਜ਼ਾਰ ਖਾਨ, ਸੀਨੀਅਰ ਸਹਾਇਕ ਨੇ ਪੱਤਰ ਨੰ:3ਐਮ.ਈ.1-ਪੰ-2019/6395-6496, ਮਿਤੀ 28-03-2019 ਜ਼ੋ ਕਿ ਅਪੀਲਕਰਤਾ ਨੂੰ ਸੰਬੋਧਿਤ ਹੈ, ਦੀ ਦਫ਼ਤਰੀ ਕਾਪੀ ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਹੋ ਸਕੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 08-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜ਼ਸਪ੍ਰੀਤ ਸਿੰਘ ਭਾਟੀਆ, (99141-00105)
ਪੁੱਤਰ ਸ਼੍ਰੀ ਹਰਚਰਨ ਸਿੰਘ ਭਾਟੀਆ,
ਮਕਾਨ ਨੰ:802 ਗਲੀ ਨੰ: 8,
ਗੁਰਬਖ਼ਸ ਕਲੌਨੀ,
ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਇੰਸਪੈਕਟਰ ਜਨਰਲ ਆਫ਼ ਪੁਲਿਸ,
ਪਟਿਆਲਾ ਰੇਂਜ, ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ 606 ਆਫ 2019**

**ਹਾਜ਼ਰ:-**
1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਬਹਾਲ ਸਿੰਘ, ਹੈੱਡ ਕੰਸਟੇਬਲ (97791-33600) ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 18-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਸੀਨੀਅਰ ਕਪਤਾਨ, ਪੁਲਿਸ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਸ/ਸ਼੍ਰੀ ਨਿਰਮਲ ਸਿੰਘ ਅਤੇ ਜਸਵਿੰਦਰ ਸਿੰਘ ਵਿਰੁੱਧ ਮਿਤੀ 10-02-2017 ਨੂੰ ਰਜਿਸਟਰਡ ਕੀਤੀ ਗਈ ਸ਼ਿਕਾਇਤ ਨੰ:597/ਪੇਸ਼ੀ, ਨਾਲ ਸਬੰਧਤ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 05-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 09-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਬਹਾਲ ਸਿੰਘ, ਹੈੱਡ ਕੰਸਟੇਬਲ ਨੇ ਪੱਤਰ ਨੰ:118/ਏ.ਸੀ./144-145, ਮਿਤੀ 11-02-2019 ਦੀ ਦਫਤਰੀ ਕਾਪੀ ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਪੱਤਰ ਨੰ:5747, ਮਿਤੀ 13-12-2018 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਉਸ ਵੱਲੋਂ ਇਸ ਦੇ ਸਬੂਤ ਅਪੀਲਕਰਤਾ ਦਾ ਅਸਲ ਲਿਖਤੀ ਬਿਆਨ, ਮਿਤੀ 08-04-2019 ਵੀ ਪੇਸ਼ ਕੀਤਾ ਹੈ ਜਿਸ ਅਨੁਸਾਰ ਉਸ ਨੇ ਮੰਨਿਆ ਹੈ ਕਿ ਸੂਚਨਾ ਮਿਲ ਗਈ ਹੈ ਅਤੇ ਕੇਸ ਬੰਦ ਕਰਨ ਲਈ ਵੀ ਬੇਨਤੀ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਦੀਪ ਸਿੰਘ ਆਹਲੂਵਾਲੀਆ, (80545-30013)
ਪੁੱਤਰ ਸ਼੍ਰੀ ਨਛੱਤਰ ਸਿੰਘ,
ਮਕਾਨ ਨੰ:12 ਨਿਰਭੈ ਕਲੌਨੀ,
ਨੇੜੇ ਬੁੱਢਾ ਦਲ ਸਕੂਲ,
ਪਟਿਆਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਕਮਿਸ਼ਨਰ, ਨਗਰ ਨਿਗਮ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਕਮਿਸ਼ਨਰ ਨਗਰ ਨਿਗਮ,
ਪਟਿਆਲਾ। -----ਉੱਤਰਦਾਤਾ

**ਅਪੀਲ ਕੇਸ ਨੰ:632 ਆਫ਼ 2019**

**ਹਾਜ਼ਰ:-** 1) ਸ਼੍ਰੀ ਗੁਰਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਨਰੇਸ਼ ਕੁਮਾਰ, ਏ.ਟੀ.ਪੀ., (98156-13853), ਸ਼੍ਰੀ ਰਵਿੰਦਰ ਸਿੰਘ, ਇੰਸਪੈਕਟਰ (86990-60005) ਅਤੇ ਸ਼੍ਰੀਮਤੀ ਮਨਪ੍ਰੀਤ ਕੌਰ, ਬਿਲਡਿੰਗ ਇੰਸਪੈਕਟਰ (89689-68144)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 04-10-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਕਮਿਸ਼ਨਰ, ਨਗਰ ਨਿਗਮ, ਪਟਿਆਲਾ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਨੇ ਨਗਰ ਨਿਗਮ, ਪਟਿਆਲਾ ਦੇ ਕੰਪਲੈਕਸ ਦੇ ਅੰਦਰ ਦੀਆਂ 10 ਦੁਕਾਨਾਂ ਵਿੱਚੋਂ ਵੇਚੀਆਂ ਗਈਆਂ 8 ਦੁਕਾਨਾਂ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 15-11-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 06-02-2019 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 08-03-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 09-04-2019 ਨੂੰ ਸਵੇਰੇ 11ਮ-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਹਾਜ਼ਰ ਸ਼੍ਰੀ ਨਰੇਸ਼ ਕੁਮਾਰ, ਏ.ਟੀ.ਪੀ. ਨੇ ਕਿਹਾ ਕਿ ਉਨ੍ਹਾਂ ਵੱਲੋਂ ਪਹਿਲਾਂ ਹੀ ਪੱਤਰ ਨੰ:41/ਐਲ.ਬੀ.ਟੀ./ਆਰ.ਟੀ.ਆਈ., ਮਿਤੀ 02-11-2018 ਅਤੇ ਨੰ:367/ਬੀ.ਐਲ.ਡੀ., ਮਿਤੀ 03-04-2019 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਧੂਰੀ ਸੂਚਨਾ ਦਿੱਤੀ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ। ਉਸ ਨੇ ਇਹ ਵੀ ਕਿਹਾ ਕਿ ਦੁਕਾਨਾਂ ਨੂੰ ਵੇਚਣ ਸਬੰਧੀ ਸ਼ਰਤਾਂ ਦੀ ਕਾਪੀ ਨਹੀਂ ਦਿੱਤੀ ਗਈ। ਉਸ ਨੂੰ ਇਸ ਸਬੰਧੀ ਸਪੱਸ਼ਟ ਕੀਤਾ ਗਿਆ ਕਿ ਉਸ ਵੱਲੋਂ ਆਪਣੀ ਆਰ.ਟੀ.ਆਈ. ਅਰਜ਼ੀ ਵਿੱਚ ਸ਼ਰਤਾਂ ਦੀ ਕਾਪੀ ਦੀ ਮੰਗ ਨਹੀਂ ਕੀਤੀ ਗਈ ਜਿਸ ਕਾਰਨ ਉਸ ਨੂੰ ਸ਼ਰਤਾਂ ਦੀ ਕਾਪੀ ਨਹੀਂ ਦਿੱਤੀ ਜਾ ਸਕਦੀ ਜਿਸ ਤੇ ਉਸ ਵੱਲੋਂ ਸਹਿਮਤੀ ਪ੍ਰਗਟਾਈ ਗਈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਨੁਕਤਾਵਾਰ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਜਿਹੜੀ ਕਿ ਕਮਿਸ਼ਨ ਵੱਲੋਂ ਵਾਚਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 09 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**